# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :11-07-2026**

## ਪਹਿਲਾਂ ਇਸ ਬੁਲੇਟੀਨ ਦੀਆਂ ਖਾਸ ਖਬਰਾਂ

- ਪ੍ਰਧਾਨ ਮੰਤਰੀ ਸੂਖਮ ਖੁਰਾਕ ਸਨਅਤ ਅਪਗ੍ਰੇਡੇਸ਼ਨ ਯੋਜਨਾ (PMFME) ਨੇ ਦੇਸ਼ ਭਰ ਵਿੱਚ 2 ਲਖ ਤੋਂ ਵੱਧ ਸੂਖਮ ਭੋਜਨ ਪ੍ਰੋਸੈਸਿੰਗ ਉੱਦਮਾਂ ਨੂੰ ਕਰਜ਼ੇ ਮਨਜ਼ੂਰ ਕਰਨ ਦਾ ਮੀਲ ਪੱਥਰ ਪਾਰ ਕੀਤਾ.
- ਪੰਜਾਬ ‘ਚ ਜਨਤਕ ਟਰਾਂਸਪੋਰਟ ਸਿਲਸਿਲੇ ‘ਚ ਅਤਿ ਆਧੁਨਿਕ ਕੈਮਰਿਆਂ ਤੇ GPS ਸਿਸਟਮ ਨਾਲ ਲੈਸ 696 ਨਵੀਆਂ ਬੱਸਾਂ ਦਾ ਬੇੜਾ ਹੋਵੇਗਾ ਸ਼ਾਮਿਲ.

- ਪੰਜਾਬ ਭਰ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ SIR ਤਹਿਤ ਵੋਟਰਾਂ ਦੀ ਸਹੂਲਤ ਲਈ ਸਾਰੇ ਵੋਟ ਕੇਂਦਰਾਂ 'ਤੇ ਅੱਜ ਅਤੇ ਭਲਕੇ ਵਿਸ਼ੇਸ਼ ਕੈਂਪ ਲਾਏ ਜਾ ਰਹੇ ਨੇ.
- ਪੰਜਾਬ ਭਾਜਪਾ ਨੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੀ ਅਗਵਾਈ ਹੇਠ ਪੰਜਾਬ ਦੇ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ ਨੂੰ

ਅਬੋਹਰ ਨਗਰ ਨਿਗਮ ਮੇਅਰ ਚੋਣ ਦੌਰਾਨ ਬੇਨੇਮੀਆਂ ਅਤੇ ਸਰਕਾਰੀ ਮਸ਼ੀਨਰੀ ਦੀ ਦੁਰਵਰਤੋਂ ਦੇ ਇਲ੍ਜ਼ਾਮ ਵਾਲਾ ਇੱਕ ਮੰਗ ਪੱਤਰ ਸੌਂਪਿਆ।

- ਭਾਰਤ ਤੇ ਇੰਗਲੈਂਡ ਦਰਮਿਆਨ ਪੰਜ ਮੈਚਾਂ ਦੀ twenty -20 ਅੰਤਰਰਾਸ਼ਟਰੀ ਕ੍ਰਿਕੇਟ ਲੜੀ ਦਾ ਪੰਜਵਾਂ ਤੇ ਆਖਰੀ ਮੈਚ ਅੱਜ ਸਾਊਥੈਂਪਟਨ ਵਿਖੇ ਖੇਡਿਆ ਜਾਏਗਾ ।

---------------------------------------------------------

ਪ੍ਰਧਾਨ ਮੰਤਰੀ ਸੂਖਮ ਖੁਰਾਕ ਸਨਅਤ ਅਪਗ੍ਰੇਡੇਸ਼ਨ ਯੋਜਨਾ (PMFME) ਨੇ ਦੇਸ਼ ਭਰ ਵਿੱਚ 2 ਲਖ ਤੋਂ ਵੱਧ ਸੂਖਮ ਭੋਜਨ ਪ੍ਰੋਸੈਸਿੰਗ ਉੱਦਮਾਂ ਨੂੰ ਕਰਜ਼ੇ ਮਨਜ਼ੂਰ ਕਰਨ ਦਾ ਮੀਲ ਪੱਥਰ ਪਾਰ ਕਰ ਲਿਆ ਏ । ਇਸ ਯੋਜਨਾ ਤਹਿਤ ਨਿਵੇਸ਼ 20 ਹਜ਼ਾਰ 300 ਕਰੋੜ ਤੋਂ ਵੱਧ ਹੋ ਗਿਆ ਏ ਅਤੇ ਰੁਜ਼ਗਾਰ ਦੇ ਕਰੀਬ 11 ਲੱਖ  ਸਿੱਧੇ ਅਤੇ ਅਸਿੱਧੇ ਮੌਕੇ ਪੈਦਾ ਕੀਤੇ ਗਏ ਨੇ. ਅੱਜ ਨਵੀਂ ਦਿੱਲੀ ਵਿੱਚ ਇੱਕ ਵਿਸ਼ੇਸ਼ ਸਮਾਗਮ ਨੂੰ ਸੰਬੋਧਨ ਕਰਦਿਆਂ, ਕੇਂਦਰੀ ਖੁਰਾਕ ਪ੍ਰੋਸੈਸਿੰਗ ਸਨਅਤ ਮੰਤਰੀ ਚਿਰਾਗ ਪਾਸਵਾਨ ਨੇ ਕਿਹਾ ਕਿ ਇਹ ਪ੍ਰਾਪਤੀ ਨਾ ਸਿਰਫ਼ ਜਸ਼ਨ ਦਾ ਕਾਰਨ ਏ ਸਗੋਂ ਭਾਰਤ ਦੇ ਫੂਡ ਪ੍ਰੋਸੈਸਿੰਗ ਵਿਕਾਸ ਦੀ ਯਾਤਰਾ ਦੇ ਅਗਲੇ ਪੜਾਅ ਲਈ ਇੱਕ ਮਜ਼ਬੂਤ ਨੀਂਹ ਵੀ ਏ

ਇਹ ਪ੍ਰਾਪਤੀ ਦਰਸਾਉਂਦੀ ਏ ਕਿ ਯੋਜਨਾ ਦਾ ਦ੍ਰਿਸ਼ਟੀਕੋਣ ਦੇਸ਼ ਭਰ ਵਿੱ

ਚ ਠੋਸ ਨਤੀਜਿਆਂ ਵਿੱਚ ਬਦਲ ਰਿਹਾ ਏ । ਸ਼੍ਰੀ ਪਾਸਵਾਨ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਔਰਤ ਉੱਦਮੀਆਂ ਵਲੋਂ ਕਰੀਬ 44 ਫੀਸਦੀ ਲਾਭਪਾਤਰੀਆਂ ਦੀ ਹਿੱਸੇਦਾਰੀ "ਔਰਤਾਂ ਦੀ-ਅਗਵਾਈ ਵਾਲੇ ਵਿਕਾਸ" ਦੀ ਸੱਚੀ ਭਾਵਨਾ ਨੂੰ ਦਰਸਾਉਂਦੀ ਏ, ਜੋ ਕਿ "ਵਿਕਸਤ ਭਾਰਤ" ਦਾ ਇੱਕ ਮੁੱਖ ਥੰਮ੍ਹ ਏ । ਇਸ ਮੌਕੇ 'ਤੇ, ਸ਼੍ਰੀ ਪਾਸਵਾਨ ਨੇ ਯੋਜਨਾ ਤਹਿਤ ਪ੍ਰਦਾਨ ਕੀਤੀ ਗਈ "ਬੀਜ ਪੂੰਜੀ" ਸਹਾਇਤਾ ਦਾ ਵੀ ਜ਼ਿਕਰ ਕੀਤਾ। ਇਸ ਰਾਹੀਂ, 4 ਲਖ 18 ਹਜ਼ਾਰ ਤੋਂ ਵੱਧ ਸਵੈ-ਸਹਾਇਤਾ ਸਮੂਹ ਮੈਂਬਰਾਂ ਦੀ ਮਦਦ ਕੀਤੀ ਗਈ ਏ.

---------------------------------------------------

ਪੰਜਾਬ ਵਿੱਚ ਜਲਦੀ ਹੀ 696 ਨਵੀਆਂ ਬੱਸਾਂ ਦਾ ਬੇੜਾ ਹੋਵੇਗਾ ਜੋ ਕਿ ਅੰਦਰੂਨੀ ਅਤੇ ਬਾਹਰੀ ਕੈਮਰਿਆਂ ਅਤੇ GPS ਸਿਸਟਮ ਨਾਲ ਲੈਸ ਹੋਣਗੀਆਂ ਤੇ ਇਹਨਾਂ ਬਸਾਂ ਦੀ ਰਾਜ ਟਰਾਂਸਪੋਰਟ ਵਿਭਾਗ ਵਲੋਂ ਉਹਨਾਂ ਦੀ ਨਿਗਰਾਨੀ ਅਤੇ ਟਰੈਕਿੰਗ ਵੀ ਹੋਏਗੀ. ਇਸ ਸਾਲ ਅਕਤੂਬਰ ਤੱਕ ਰਾਜ ਟਰਾਂਸਪੋਰਟ ਵਿੱਚ ਪਹਿਲੀ ਡਿਲੀਵਰੀ ਸ਼ਾਮਲ ਕੀਤੀ ਜਾਵੇਗੀ। ਇੱਕ ਪ੍ਰੈਸ ਕਾਨਫਰੰਸ ਵਿੱਚ ਇਸਦਾ ਖੁਲਾਸਾ ਕਰਦਿਆਂ, ਪੰਜਾਬ ਦੇ ਖਜ਼ਾਨਾ ਮੰਤਰੀ, ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਅਸ਼ੋਕ ਲੇਲੈਂਡ ਕੰਪਨੀ ਮੁਕੰਮਲ ਬੱਸ ਪ੍ਰਦਾਨ ਕਰੇਗੀ- BYTE- CHEEMA -
ਉਨ੍ਹਾਂ ਇਹ ਵੀ ਕਿਹਾ ਕਿ ਔਨਲਾਈਨ ਟਿਕਟਿੰਗ ਦੀ ਸਹੂਲਤ ਵੀ ਜਲਦੀ ਹੀ ਚਾਲੂ ਕੀਤੀ ਜਾਵੇਗੀ। ਨਵੇਂ ਬੇੜੇ ਦੇ ਜੋੜੇ ਜਾਣ ਨਾਲ, ਹੋਰ

ਬੱਸਾਂ ਦੀ ਮੰਗ ਨੂੰ ਪੂਰਾ ਕਰਦੇ ਹੋਏ, PUNBUS ਅਤੇ PRTC ਦੋਵਾਂ ਲਈ ਕੁੱਲ ਜਨਤਕ ਟਰਾਂਸਪੋਰਟ ਬੱਸਾਂ ਦੀ ਗਿਣਤੀ ਵਧਾ ਕੇ 3 ਹਜ਼ਾਰ 546 ਕਰ ਦਿੱਤੀ ਜਾਵੇਗੀ। <><>

--------------------------------------------------------

ਪੰਜਾਬ ਭਰ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ SIR ਤਹਿਤ ਘਰ-ਘਰ ਜਾ ਕੇ ਗਣਨਾ ਕਰਨ ਦੀ ਪ੍ਰਕਿਰਿਆ ਨਿਰੰਤਰ ਤੇਜ਼ੀ ਨਾਲ ਚੱਲ ਰਹੀ ਏ. ਇਸ ਮੁਹਿੰਮ ਨੂੰ ਹੋਰ ਹੁਲਾਰਾ ਦੇਣ ਅਤੇ ਜਨਤਾ ਦੀ ਵੱਧ ਤੋਂ ਵੱਧ ਹਿੱਸੇਦਾਰੀ ਨੂੰ ਉਤਸ਼ਾਹਿਤ ਕਰਨ ਲਈ, ਅੱਜ ਪੰਜਾਬ ਭਰ ਦੇ ਸਾਰੇ ਵੋਟ ਕੇਂਦਰਾਂ 'ਤੇ ਵਿਸ਼ੇਸ਼ ਕੈਂਪ ਲਾਇਆ ਗਿਆ. ਅੱਜ ਦੀ ਤਰ੍ਹਾਂ ਇਹ ਕੈਂਪ ਭਲਕੇ 12 ਜੁਲਾਈ, ਨੂੰ ਵੀ ਸਵੇਰੇ 8 ਵਜੇ ਤੋਂ ਦੁਪਹਿਰ ਬਾਅਦ 3 ਵਜੇ ਤੱਕ ਲਾਇਆ ਜਾਏਗਾ. ਇਨ੍ਹਾਂ ਕੈਂਪਾਂ ਦੌਰਾਨ ਬਾਕੀ ਰਹਿੰਦੇ ਗਣਨਾ ਫਾਰਮ ਭਰੇ, ਇਕੱਠੇ ਅਤੇ ਡਿਜੀਟਾਈਜ਼ ਕੀਤੇ ਜਾ ਰਹੇ ਨੇ, ਵੋਟਰ ਸੂਚੀ ਦੀਆਂ ਖਾਮੀਆਂ ਅਤੇ ਫਰਕ ਨੂੰ ਦੂਰ ਕੀਤਾ ਜਾ ਰਿਹਾ ਏ ਅਤੇ ਨਾਗਰਿਕਾਂ ਨੂੰ ਉਨ੍ਹਾਂ ਦੇ ਵੋਟ ਦੇ ਵੇਰਵਿਆਂ ਨੂੰ ਅਪਡੇਟ ਅਤੇ ਤਸਦੀਕ ਕਰਨ ਵਿੱਚ ਸਹਾਇਤਾ ਕੀਤੀ ਜਾ ਰਹੀ ਏ. ਚੰਡੀਗੜ੍ਹ ਵਿੱਚ ਵੀ ਇਹ ਦੋ ਦਿਨਾਂ ਦੇ ਵਿਸ਼ੇਸ਼ ਕੈਂਪ ਲਾਏ ਜਾ ਰਹੇ ਨੇ. ਕੇਂਦਰ ਸ਼ਾਸਿਤ ਪ੍ਰਦੇਸ਼ ਦੇ ਚੋਣ ਵਿਭਾਗ ਨੇ ਵਿਸ਼ੇਸ਼ ਗਹਿਨ ਸੋਧ (SIR) ਬਾਰੇ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਭਾਰਤ ਸਰਕਾਰ ਦੇ ਸੂਚਨਾ

ਅਤੇ ਪ੍ਰਸਾਰਣ ਮੰਤਰਾਲੇ ਦੇ ਕੇਂਦਰੀ ਸੰਚਾਰ ਬਿਊਰੋ ਦੇ ਸਹਿਯੋਗ ਨਾਲ ਅੱਜ ਸੁਖਨਾ ਝੀਲ ਵਿਖੇ ਨੁੱਕੜ ਨਾਟਕ ਵੀ ਕਰਾਇਆ ਗਿਆ.
ਦਿਲਚਸਪ ਪੇਸ਼ਕਾਰੀ ਰਾਹੀਂ, ਕਲਾਕਾਰਾਂ ਨੇ ਵੋਟਰ ਸੂਚੀਆਂ ਨੂੰ ਅੱਪਡੇਟ ਕਰਨ ਦੀ ਮਹੱਤਤਾ ਨੂੰ ਉਜਾਗਰ ਕੀਤਾ। ਵੋਟਰਾਂ ਨੂੰ ਚੰਡੀਗੜ੍ਹ ਲਈ ਆਖਰੀ ਤਰੀਕ 14 ਜੁਲਾਈ 2026 ਤੋਂ ਪਹਿਲਾਂ ਆਪਣੇ ਗਣਨਾ ਫਾਰਮ ਜਮ੍ਹਾਂ ਕਰਾਉਣ ਦੀ ਤਾਕੀਦ ਕੀਤੀ ਗਈ।

---------------------------------------------------------------

ਭਾਰਤੀ ਜਨਤਾ ਪਾਰਟੀ (ਭਾਜਪਾ), ਪੰਜਾਬ ਦੇ ਇੱਕ ਵਫ਼ਦ ਨੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੀ ਅਗਵਾਈ ਹੇਠ ਅੱਜ ਪੰਜਾਬ ਦੇ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕੀਤੀ ਅਤੇ ਅਬੋਹਰ ਨਗਰ ਨਿਗਮ ਮੇਅਰ ਚੋਣ ਦੌਰਾਨ ਬੇਨੇਮੀਆਂ ਅਤੇ ਸਰਕਾਰੀ ਮਸ਼ੀਨਰੀ ਦੀ ਦੁਰਵਰਤੋਂ ਦਾ ਇਲ੍ਜ਼ਾਮ ਲਾਉਂਦੇ ਹੋਏ ਇੱਕ ਮੰਗ ਪੱਤਰ ਸੌਂਪਿਆ। ਸ੍ਰੀ ਢਿੱਲੋਂ ਦੇ ਨਾਲ ਹੋਰਨਾਂ ਤੋਂ ਇਲਾਵਾ ਭਾਜਪਾ ਦੇ ਸਾਬਕਾ ਸੂਬਾ ਪ੍ਰਧਾਨ ਸੁਨੀਲ ਜਾਖੜ, ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਅਤੇ ਸੀਨੀਅਰ ਆਗੂ ਮਨੋਰੰਜਨ ਕਾਲੀਆ ਵੀ ਮੌਜੂਦ ਸਨ. ਮੰਗ ਪੱਤਰ ਵਿੱਚ ਪੰਜਾਬ ਸਰਕਾਰ ਅਤੇ ਇਸਦੇ ਅਧਿਕਾਰੀਆਂ ਦੀ ਚੋਣ ਦੇ ਸੰਚਾਲਨ ਵਿੱਚ ਕਥਿਤ ਧੱਕੇਸ਼ਾਹੀ 'ਤੇ ਭਾਜਪਾ ਦੀਆਂ ਚਿੰਤਾਵਾਂ ਦਾ ਵੇਰਵਾ ਦਿੱਤਾ ਗਿਆ ਏ । ਪਾਰਟੀ ਨੇ ਰਾਜਪਾਲ ਨੂੰ ਪਾਰਦਰਸ਼ਿਤਾ, ਨਿਰਪੱਖਤਾ, ਜਵਾਬਦੇਹੀ ਅਤੇ ਲੋਕਤੰਤਰੀ ਨੇਮਾਂ

ਅਤੇ ਕਾਨੂੰਨ ਦੇ ਰਾਜ ਦੀ ਸਖ਼ਤੀ ਨਾਲ ਪਾਲਣਾ ਨੂੰ ਯਕੀਨੀ ਬਣਾਉਣ ਲਈ ਦਖਲ ਦੇਣ ਦੀ ਅਪੀਲ ਕੀਤੀ ਏ -

BYTE – KS DHILLON – 19 sec

ਇਸ ਦੌਰਾਨ, ਅਬੋਹਰ ਨਗਰ ਨਿਗਮ ਦੇ ਮੇਅਰ, ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਦੇ ਅਹੁਦਿਆਂ ਦੀਆਂ ਚੋਣਾਂ ਕਲ੍ਹ ਸ਼ਾਮ ਨੂੰ ਮੁਲਤਵੀ ਕਰ ਦਿੱਤੀਆਂ ਗਈਆਂ ਸਨ ।

---------------------------------------------------

ਪੰਜਾਬ ਵਿੱਚ ਨਸ਼ਾ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਦਿਆਂ, ਸੂਬਾ ਸਰਕਾਰ ਨੇ 'ਪਿੰਡਾਂ ਦਾ ਹਾਲ' ਐਕਸ਼ਨ ਪਲਾਨ ਲਾਗੂ ਕਰਨਾ ਸ਼ੁਰੂ ਕਰ ਦਿੱਤਾ ਏ। ਇਹ ਇੱਕ ਢਾਂਚਾਗਤ ਯੋਜਨਾ ਏ, ਜਿਸਦਾ ਉਦੇਸ਼ ਲੋਕਾਂ ਦੀ ਹਿੱਸੇਦਾਰੀ ਵਧਾਉਣਾ ਅਤੇ ਨਸ਼ਿਆਂ ਵਿਰੁੱਧ ਲੜਾਈ ਵਿੱਚ ਲੋਕਾਂ ਨੂੰ ਹੋਰ ਸਰਗਰਮੀ ਨਾਲ ਸ਼ਾਮਲ ਕਰਨਾ ਏ। ਇਸ ਐਕਸ਼ਨ ਪਲਾਨ ਨੂੰ ਜੂਨ ਮਹੀਨੇ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਇੱਕ ਜਾਇਜ਼ਾ ਮੀਟਿੰਗ 'ਪਿੰਡਾਂ ਦਾ ਹਾਲ, ਸੀਐੱਮ ਦੇ ਨਾਲ' ਦੌਰਾਨ ਅੰਤਿਮ ਰੂਪ ਦਿੱਤਾ ਗਿਆ ਸੀ। ਐਕਸ਼ਨ ਪਲਾਨ ਵਿੱਚ ਜ਼ਿਲ੍ਹਾ ਅਤੇ ਸੂਬਾ ਪੱਧਰੀ ਜਾਇਜ਼ਾ ਮੀਟਿੰਗਾਂ, ਹਰ ਪਿੰਡ ਲਈ ਵਿਸ਼ੇਸ਼ ਨਸ਼ਾ ਵਿਰੋਧੀ ਰਣਨੀਤੀ ਅਤੇ ਸੂਬੇ ਭਰ ਵਿੱਚ ਇਸ ਦੇ ਨਿਰੰਤਰ ਲਾਗੂਕਰਨ ਨੂੰ ਯਕੀਨੀ ਬਣਾਉਣ ਲਈ,

ਨਿਗਰਾਨੀ ਢਾਂਚਾ ਸ਼ਾਮਲ ਏ। ਪ੍ਰਸ਼ਾਸਨ, ਪੁਲਿਸ, ਸਿਹਤ ਵਿਭਾਗ ਅਤੇ ਸਥਾਨਕ ਭਾਈਚਾਰੇ ਦਰਮਿਆਨ ਮੋਰਚੇ ਦੇ ਬਲਾਕ ਕੋਆਰਡੀਨੇਟਰ ਇੱਕ ਮਹੱਤਵਪੂਰਨ ਕੜੀ ਵਜੋਂ ਕੰਮ ਕਰਦੇ ਨੇ। ਇਸ ਨੈੱਟਵਰਕ ਨੂੰ ਹੋਰ ਮਜ਼ਬੂਤ ਕਰਨ ਲਈ ਪੰਜਾਬ ਭਰ ਵਿੱਚ ਜ਼ਿਲ੍ਹਾ ਪੱਧਰੀ ਜਾਇਜ਼ਾ ਮੀਟਿੰਗਾਂ ਕੀਤੀਆਂ ਜਾ ਰਹੀਆਂ ਨੇ, ਜਿਨ੍ਹਾਂ ਵਿੱਚ ਬਲਾਕ ਕੋਆਰਡੀਨੇਟਰ, ਪਿੰਡ ਰੱਖਿਆ ਕਮੇਟੀ ਮੈਂਬਰ ਅਤੇ ਸਥਾਨਕ ਪ੍ਰਸ਼ਾਸਨ ਸ਼ਾਮਲ ਹੋ ਰਹੇ ਨੇ। ਇਨ੍ਹਾਂ ਮੀਟਿੰਗਾਂ ਦਾ ਮਕਸਦ, ਮੁਹਿੰਮ ਦੀ ਜ਼ਮੀਨੀ ਹਕੀਕਤ ਦਾ ਮੁਲੰਕਣ ਕਰਨਾ, ਸਥਾਨਕ ਚੁਣੌਤੀਆਂ ਦਾ ਪਤਾ ਲਗਾਉਣਾ ਅਤੇ ਨਸ਼ਾ ਵਿਰੋਧੀ ਮੁਹਿੰਮ ਨਾਲ ਜੁੜੇ ਸਾਰੇ ਭਾਈਵਾਲਾਂ ਦਰਮਿਆਨ ਬਿਹਤਰ ਤਾਲਮੇਲ ਯਕੀਨੀ ਬਣਾਉਣਾ ਏ।

---------------------------------------------------------------------------------

ਪੰਜਾਬ ਦੀ ਪਸ਼ੂਧਨ ਸਿਹਤ ਸੰਭਾਲ ਪ੍ਰਣਾਲੀ ਵਿੱਚ ਹੋਰ ਸੁਧਾਰ ਲਈ ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਵੈਟਰਨਰੀ ਅਫ਼ਸਰਾਂ, ਇੰਸਪੈਕਟਰਾਂ ਅਤੇ ਹੋਰ ਅਮਲੇ ਨੂੰ ਆਮ ਜਨਤਾ ਪ੍ਰਤੀ ਜਵਾਬਦੇਹੀ ਨਾਲ ਆਪਣੀ ਡਿਊਟੀ ਨਿਭਾਉਣਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਅਤੇ ਚੇਤਾਵਨੀ ਦਿੱਤੀ ਕਿ ਡਿਊਟੀ ਵਿੱਚ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਸਾਹਮਣੇ ਆਉਣ 'ਤੇ ਸਖ਼ਤ ਅਨੁਸ਼ਾਸਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ । ਐਸ.ਏ.ਐਸ. ਨਗਰ ਸਥਿਤ ਲਾਈਵਸਟਾਕ ਕੰਪਲੈਕਸ ਵਿਖੇ ਉੱਚ-

ਪੱਧਰੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸ੍ਰੀ ਖੁੱਡੀਆਂ ਨੇ ਸੂਬੇ ਭਰ ਦੇ ਸਾਰੇ ਵੈਟਰਨਰੀ ਹਸਪਤਾਲਾਂ ਅਤੇ ਡਿਸਪੈਂਸਰੀਆਂ ਦੇ ਕੰਮਕਾਜ, ਬੁਨਿਆਦੀ ਢਾਂਚੇ ਅਤੇ ਸਫ਼ਾਈ ਮਿਆਰਾਂ ਦੀ ਬਾਰੀਕੀ ਨਾਲ ਸਮੀਖਿਆ ਕੀਤੀ। ਕੁਝ ਸੰਸਥਾਵਾਂ ਦੀ ਮਾੜੀ ਹਾਲਤ 'ਤੇ ਸਖ਼ਤ ਨਾਰਾਜ਼ਗੀ ਜ਼ਾਹਿਰ ਕਰਦਿਆਂ ਕੈਬਨਿਟ ਮੰਤਰੀ ਨੇ ਡਾਇਰੈਕਟਰ ਪਸ਼ੂ ਪਾਲਣ ਨੂੰ ਨਿਰਦੇਸ਼ ਦਿੱਤੇ ਕਿ ਇਮਾਰਤਾਂ ਦੀ ਤੁਰੰਤ ਮੁਰੰਮਤ, ਰੱਖ-ਰਖਾਅ ਅਤੇ ਜ਼ਰੂਰੀ ਸੇਵਾਵਾਂ ਨੂੰ ਅਪਗ੍ਰੇਡ ਕਰਨ ਦਾ ਕੰਮ ਨਿਸ਼ਚਿਤ ਸਮੇਂ ਦੇ ਅੰਦਰ ਮੁਕੰਮਲ ਕਰਨਾ ਯਕੀਨੀ ਬਣਾਇਆ ਜਾਵੇ। ਸ੍ਰੀ ਖੁੱਡੀਆਂ ਨੇ ਸਪੱਸ਼ਟ ਹਦਾਇਤਾਂ ਜਾਰੀ ਕੀਤੀਆਂ ਕਿ ਹਰੇਕ ਵੈਟਰਨਰੀ ਸੰਸਥਾ ਵਿੱਚ 24 ਘੰਟੇ ਬਿਜਲੀ ਅਤੇ ਪੀਣ ਵਾਲੇ ਸਾਫ਼ ਪਾਣੀ ਦੀ ਸਹੂਲਤ ਹੋਣੀ ਚਾਹੀਦੀ ਏ। ਵੈਕਸੀਨ ਦੇ ਸੁਰੱਖਿਅਤ ਰੱਖ-ਰਖਾਅ ਲਈ ਢੁੱਕਵੀਂ ਕੋਲਡ ਸਟੋਰੇਜ ਦੀ ਲੋੜ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਚੇਤਾਵਨੀ ਦਿੱਤੀ ਕਿ ਵੈਕਸੀਨ ਸਟੋਰੇਜ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਲਈ ਸਬੰਧਤ ਅਧਿਕਾਰੀਆਂ ਅਤੇ ਸਟਾਫ਼ ਦੀ ਸਿੱਧੀ ਜਵਾਬਦੇਹੀ ਤੈਅ ਕੀਤੀ ਜਾਵੇਗੀ।

---

ਭਾਰਤੀ ਮੌਸਮ ਵਿਭਾਗ (IMD) ਨੇ ਅਗਲੇ ਪੰਜ ਦਿਨਾਂ ਦੌਰਾਨ ਪੰਜਾਬ, ਹਰਿਆਣਾ, ਚੰਡੀਗੜ੍ਹ, ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ, ਤੇ ਦਿੱਲੀ ਸਮੇਤ ਉੱਤਰੀ ਭਾਰਤ ਦੇ ਹਿੱਸਿਆਂ ‘ਚ ਬੇਹਦ ਭਾਰੀ ਬਾਰਿਸ਼ ਹੋਣ ਦੀ ਪੇਸ਼ੀਨਗੋਈ ਕੀਤੀ ਏ.

ਬੀਤੇ ਕਲ੍ਹ ਵੀ ਕਈ ਥਾਵਾਂ ‘ਤੇ ਮੀਂਹ ਪੈਣ ਨਾਲ ਤਾਪਮਾਨ ‘ਚ ਗਿਰਾਵਟ ਦਰਜ ਕੀਤੀ ਗਈ ਏ ਪਰ ਹੁੰਮਸ ਕਾਰਨ ਪਰੇਸ਼ਾਨੀ ਦਰਪੇਸ਼ ਏ.

------------------------------------------------------------------

ਭਾਰਤ ਤੇ ਇੰਗਲੈਂਡ ਦਰਮਿਆਨ ਪੰਜ ਮੈਚਾਂ ਦੀ twenty -20 ਅੰਤਰਰਾਸ਼ਟਰੀ ਕ੍ਰਿਕੇਟ ਲੜੀ ਦਾ ਪੰਜਵਾਂ ਤੇ ਆਖਰੀ ਮੈਚ ਅੱਜ ਸਾਊਥੈਂਪਟਨ ਦੇ ਯੂਟੀਲਿਟਾ ਬਾਊਲ ਵਿਖੇ ਖੇਡਿਆ ਜਾਏਗਾ। ਇਹ ਮੈਚ ਭਾਰਤੀ ਸਮੇਂ ਅਨੁਸਾਰ ਸ਼ਾਮ 7 ਵਜੇ ਸ਼ੁਰੂ ਹੋਣਾ ਏ। ਇੰਗਲੈਂਡ ਪਹਿਲਾਂ ਹੀ 3-0 ਦੀ ਲੀਡ ਨਾਲ ਲੜੀ ਆਪਣੇ ਨਾਂ ਕਰ ਚੁਕਿਆ ਏ.

------------------------------------------------------------------

- (PMFME) ਨੇ ਦੇਸ਼ ਭਰ ਵਿੱਚ 2 ਲਖ ਤੋਂ ਵੱਧ ਸੂਖਮ ਭੋਜਨ ਪ੍ਰੋਸੈਸਿੰਗ ਉੱਦਮਾਂ ਨੂੰ ਕਰਜ਼ੇ ਮਨਜ਼ੂਰ ਕਰਨ ਦਾ ਮੀਲ ਪੱਥਰ ਪਾਰ ਕੀਤਾ.
- ਪੰਜਾਬ ‘ਚ ਜਨਤਕ ਟਰਾਂਸਪੋਰਟ ਸਿਲਸਿਲੇ ‘ਚ ਅਤਿ ਆਧੁਨਿਕ ਕੈਮਰਿਆਂ ਤੇ GPS ਸਿਸਟਮ ਨਾਲ ਲੈਸ 696 ਨਵੀਆਂ ਬੱਸਾਂ ਦਾ ਬੇੜਾ ਹੋਵੇਗਾ ਸ਼ਾਮਿਲ.

- ਪੰਜਾਬ ਭਰ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ SIR ਤਹਿਤ ਵੋਟਰਾਂ ਦੀ ਸਹੂਲਤ ਲਈ ਸਾਰੇ ਵੋਟ ਕੇਂਦਰਾਂ 'ਤੇ ਅੱਜ ਅਤੇ ਭਲਕੇ ਵਿਸ਼ੇਸ਼ ਕੈਂਪ ਲਾਏ ਜਾ ਰਹੇ ਨੇ.
- ਪੰਜਾਬ ਭਾਜਪਾ ਨੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੀ ਅਗਵਾਈ ਹੇਠ ਪੰਜਾਬ ਦੇ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ ਨੂੰ ਅਬੋਹਰ ਨਗਰ ਨਿਗਮ ਮੇਅਰ ਚੋਣ ਦੌਰਾਨ ਬੇਨੇਮੀਆਂ ਅਤੇ ਸਰਕਾਰੀ ਮਸ਼ੀਨਰੀ ਦੀ ਦੁਰਵਰਤੋਂ ਦੇ ਇਲ੍ਜ਼ਾਮ ਵਾਲਾ ਇੱਕ ਮੰਗ ਪੱਤਰ ਸੌਂਪਿਆ।
- ਭਾਰਤ ਤੇ ਇੰਗਲੈਂਡ ਦਰਮਿਆਨ ਪੰਜ ਮੈਚਾਂ ਦੀ twenty -20 ਅੰਤਰਰਾਸ਼ਟਰੀ ਕ੍ਰਿਕੇਟ ਲੜੀ ਦਾ ਪੰਜਵਾਂ ਤੇ ਆਖਰੀ ਮੈਚ ਅੱਜ ਸਾਊਥੈਂਪਟਨ ਵਿਖੇ ਖੇਡਿਆ ਜਾਏਗਾ ।

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ**

**ਸਾਡਾ ਅਗਲਾ ਰਾਸ਼ਟਰੀ ਬੁਲੇਟਿਨ**

**ਸ਼ਾਮ ਸਾਢੇ 7 ਵਜੇ ਹੋਏਗਾ.**

**ਨਮਸ੍ਕਾਰ**